ਮਹਲਾ ੫ ਰਾਗੁ ਗਉੜੀ ਗੁਆਰੇਰੀ ਚਉਪਦੇ ੧ੴ ਸਤਿਗੁਰ ਪ੍ਰਸਾਦਿ ॥ ਕਿਨ ਬਿਧਿ ਕੁਸਲੁ ਹੋਤ ਮੇਰੇ ਭਾਈ ॥ ਕਿਉ ਪਾਈਐ ਹਰਿ ਰਾਮ ਸਹਾਈ ॥ ੧॥ ਰਹਾਉ ॥ ਕੁਸਲੁ ਨ ਗ੍ਰਿਹਿ ਮੇਰੀ ਸਭ ਮਾਇਆ ॥ ਊਚੇ ਮੰਦਰ ਸੁੰਦਰ ਛਾਇਆ ॥ ਝੂਠੇ ਲਾਲਚਿ ਜਨਮੁ ਗਵਾਇਆ ॥ ੧॥ ਹਸਤੀ ਘੋੜੇ ਦੇਖਿ ਵਿਗਾਸਾ ॥ ਲਸਕਰ ਜੋੜੇ ਨੇਬ ਖਵਾਸਾ ॥ ਗਲਿ ਜੇਵੜੀ ਹਉਮੈ ਕੇ ਫਾਸਾ ॥ ੨॥ ਰਾਜੁ ਕਮਾਵੈ ਦਹ ਦਿਸ ਸਾਰੀ ॥ ਮਾਣੈ ਰੰਗ ਭੋਗ ਬਹੁ ਨਾਰੀ ॥ ਜਿਉ ਨਰਪਤਿ ਸੁਪਨੈ ਭੇਖਾਰੀ ॥੩॥ ਏਕੁ ਕੁਸਲੁ ਮੋ ਕਉ ਸਤਿਗੁਰੂ ਬਤਾਇਆ ॥ ਹਰਿ ਜੋ ਕਿਛੁ ਕਰੇ ਸੁ ਹਰਿ ਕਿਆ ਭਗਤਾ ਭਾਇਆ ॥ ਜਨ ਨਾਨਕ ਹਉਮੈ ਮਾਰਿ ਸਮਾਇਆ ॥੪॥ ਇਨਿ ਬਿਧਿ ਕੁਸਲ ਹੋਤ ਮੇਰੇ ਭਾਈ ॥ ਇਉ ਪਾਈਐ ਹਰਿ ਰਾਮ ਸਹਾਈ ॥੧॥ ਰਹਾਉ ਦੂਜਾ ॥ {ਪੰਨਾ 175-176}

ਪਦਅਰਥ:- ਕਿਨ—{ਨੋਟ:- ਜਿਨ, ਤਿਨ, ਇਨ, ਕਿਨ—ਇਹ ਲਫ਼ਜ਼ ਬਹੁ-ਵਚਨ ਹਨ। ਇਹਨਾਂ ਦੇ ਇਕ-ਵਚਨ—ਜਿਨਿ, ਤਿਨਿ, ਇਨਿ, ਕਿਨਿ) ਕਿਨ੍ਹਾਂ? ਬਿਧਿ—ਤਰੀਕਾ। ਕਿਨ ਬਿਧਿ—ਕਿਨ੍ਹਾਂ ਤਰੀਕਿਆਂ ਨਾਲ? ਕੁਸਲੁ—ਆਤਮਕ ਆਨੰਦ। ਕਿਉ—ਕਿਵੇਂ? ਸਹਾਈ—ਸਹਾਇਕ।1। ਰਹਾਉ।

ਗ੍ਰਿਹਿ—ਘਰ (ਦੇ ਮੋਹ) ਵਿਚ। ਸੁੰਦਰ ਛਾਇਆ—ਸੁੰਦਰ (ਬਾਗ਼ਾਂ ਦੀ) ਛਾਂ। ਲਾਲਚਿ—ਲਾਲਚ ਵਿਚ।1।

ਹਸਤੀ—ਹਾਥੀ। ਦੇਖਿ—ਵੇਖ ਕੇ। ਵਿਗਾਸਾ—ਖ਼ੁਸ਼ੀ। ਜੋੜੇ—ਇਕੱਠੇ ਕੀਤੇ। ਨੇਬ—ਨਾਇਬ, ਸਲਾਹਕਾਰ। ਖਵਾਸਾ—ਸ਼ਾਹੀ ਨੌਕਰ। ਗਲਿ—ਗਲ ਵਿਚ। ਫਾਸਾ—ਫਾਹੇ।2।

ਦਹ ਦਿਸ—ਦਸੀਂ ਪਾਸੀਂ। ਸਾਰੀ—ਸਾਰੀ (ਸ੍ਰਿਸ਼ਟੀ) ਦਾ। ਨਰਪਤਿ—ਰਾਜਾ। ਭੇਖਾਰੀ—ਮੰਗਤਾ।3।

ਮੋ ਕਉ—ਮੈਨੂੰ। ਭਾਇਆ—ਚੰਗਾ ਲੱਗਦਾ ਹੈ। ਮਾਰਿ—ਮਾਰ ਕੇ।4।

ਇਨਿ ਬਿਧਿ—ਇਸ ਤਰੀਕੇ ਨਾਲ। ਇਉ—ਇਉਂ, ਇਸ ਤਰ੍ਹਾਂ। ਰਹਾਉ ਦੂਜਾ।

ਨੋਟ:- ਲਫ਼ਜ਼ "ਰਹਾਉ ਦੂਜਾ" ਦੇ ਅਖ਼ੀਰ ਤੇ ਇਸ ਪਹਿਲੇ ਸ਼ਬਦ ਦਾ ਅੰਕ 1 ਦਿੱਤਾ ਗਿਆ ਹੈ। ਪਰ ਪਿਛਲੇ 70 ਸ਼ਬਦਾਂ ਨੂੰ ਇਸ ਦੇ ਨਾਲ ਰਲਾ ਕੇ ਜੋੜ 71 ਨਹੀਂ ਦਿੱਤਾ ਗਿਆ।

ਅਰਥ:- ਹੇ ਮੇਰੇ ਵੀਰ! (ਮਨੁੱਖ ਦੇ ਅੰਦਰ) ਆਤਮਕ ਆਨੰਦ ਕਿਨ੍ਹਾਂ ਤਰੀਕਿਆਂ ਨਾਲ (ਪੈਦਾ) ਹੋ ਸਕਦਾ ਹੈ? (ਅਸਲ) ਮਿੱਤਰ ਹਰੀ-ਪਰਮਾਤਮਾ ਕਿਵੇਂ ਮਿਲ ਸਕਦਾ ਹੈ?।1। ਰਹਾਉ।

ਘਰ (ਦੇ ਮੋਹ) ਵਿਚ ਆਤਮਕ ਸੁਖ ਨਹੀਂ ਹੈ, ਇਹ ਸਮਝਣ ਵਿਚ ਭੀ ਆਤਮਕ ਸੁਖ ਨਹੀਂ ਹੈ ਕਿ ਇਹ ਸਾਰੀ ਮਾਇਆ ਮੇਰੀ ਹੈ। ਉੱਚੇ ਮਹਲ-ਮਾੜੀਆਂ ਤੇ ਸੁੰਦਰ ਬਾਗਾਂ ਦੀ ਛਾਂ ਮਾਣਨ ਵਿਚ ਭੀ ਆਤਮਕ ਆਨੰਦ ਨਹੀਂ। (ਜਿਸ ਮਨੁੱਖ ਨੇ ਇਹਨਾਂ ਵਿਚ ਆਤਮਕ ਸੁਖ ਸਮਝਿਆ ਹੈ ਉਸ ਨੇ) ਝੂਠੇ ਲਾਲਚ ਵਿਚ (ਆਪਣਾ ਮਨੁੱਖਾ) ਜਨਮ ਗਵਾ ਲਿਆ ਹੈ।

ਮਨੁੱਖ ਹਾਥੀ ਘੋੜੇ ਵੇਖ ਕੇ ਖ਼ੁਸ਼ੀ (ਮਹਿਸੂਸ ਕਰਦਾ ਹੈ), ਫ਼ੌਜਾਂ ਇਕੱਠੀਆਂ ਕਰਦਾ ਹੈ, ਮੰਤਰੀ ਤੇ ਸ਼ਾਹੀ ਨੌਕਰ ਰੱਖਦਾ ਹੈ, ਪਰ ਉਸ ਦੇ ਗਲ ਵਿਚ ਹਉਮੈ ਦੀ ਰੱਸੀ ਹਉਮੈ ਦੇ ਫਾਹੇ ਹੀ ਪੈਂਦੇ ਹਨ।2।

(ਰਾਜਾ ਬਣ ਕੇ ਮਨੁੱਖ) ਦਸੀਂ ਪਾਸੀਂ ਸਾਰੀ ਧਰਤੀ ਦਾ ਰਾਜ ਕਮਾਂਦਾ ਹੈ, ਮੌਜਾਂ ਮਾਣਦਾ ਹੈ, ਇਸਤ੍ਰੀਆਂ ਭੋਗਦਾ ਹੈ (ਪਰ ਇਹ ਸਭ ਕੁਝ ਇਉਂ ਹੀ ਹੈ) ਜਿਵੇਂ ਕੋਈ ਰਾਜਾ ਮੰਗਤਾ ਬਣ ਜਾਂਦਾ ਹੈ (ਤੇ ਦੁਖੀ ਹੁੰਦਾ ਹੈ, ਆਤਮਕ ਸੁਖ ਦੇ ਥਾਂ ਰਾਜ ਵਿਚ ਤੇ ਭੋਗਾਂ ਵਿਚ ਭੀ ਦੁੱਖ ਹੀ ਦੁੱਖ ਹੈ)।3।

ਸਤਿਗੁਰੂ ਨੇ ਮੈਨੂੰ ਅਸਲ ਆਤਮਕ ਸੁਖ (ਦਾ ਮੂਲ) ਦੱਸਿਆ ਹੈ (ਉਹ ਹੈ ਪਰਮਾਤਮਾ ਦੀ ਰਜ਼ਾ ਵਿਚ ਰਾਜ਼ੀ ਰਹਿਣਾ)। ਜੋ ਕੁਝ ਪਰਮਾਤਮਾ ਕਰਦਾ ਹੈ ਉਸ ਦੇ ਭਗਤਾਂ ਨੂੰ ਉਹ ਮਿੱਠਾ ਲੱਗਦਾ ਹੈ (ਤੇ ਉਹ ਇਸ ਤਰ੍ਹਾਂ ਆਤਮਕ ਸੁਖ ਮਾਣਦੇ ਹਨ)। ਹੇ ਦਾਸ ਨਾਨਕ! ਹਉਮੈ ਮਾਰ ਕੇ (ਵਡ-ਭਾਗੀ ਮਨੁੱਖ ਪਰਮਾਤਮਾ ਵਿਚ ਹੀ) ਲੀਨ ਰਹਿੰਦਾ ਹੈ।4।

ਹੇ ਮੇਰੇ ਵੀਰ! ਇਸ ਤਰੀਕੇ ਨਾਲ (ਭਾਵ, ਰਜ਼ਾ ਵਿਚ ਰਾਜ਼ੀ ਰਹਿਣ ਨਾਲ) ਆਤਮਕ ਆਨੰਦ ਪੈਦਾ ਹੁੰਦਾ ਹੈ, ਇਸ ਤਰ੍ਹਾਂ (ਹੀ) ਅਸਲ ਮਿੱਤਰ ਹਰੀ-ਪਰਮਾਤਮਾ ਮਿਲਦਾ ਹੈ।1। ਰਹਾਉ ਦੂਜਾ।1।